# Religious Samagam in the Commemoration of Martyrdom day of Guru Teg Bahadur ji

In the commemoration of Martyrdom day of Guru Teg Bahadur Ji, the ninth Sikh Guru, on his martyrdom day, Sri Guru Tegh Bahadur Khalsa College, Sri Anandpur Sahib, held a solemn Religious Samagam. The occasion brought to light Guru Ji's unmatched selflessness in defending human rights and religious freedom. Prominent speakers Bhai Armpit Singh Chawla ,Former Secretary of Shiromani Gurdwara Parbhandhak Committee , Sri Amritsar and currently member discussed the teachings of Guru Ji and their relevance in the modern world. At this day also a great religious Punjabi poet Hari Singh Jachak ji pay a great homage to Guru Teg Bahadur ji by reciting poems upon him.In honor of the "Dharam Di Chadar," who gave his life for humanity, the congregation and Students took part in Kirtan and Ardas.

## ਖਾਲਸਾ ਕਾਲਜ ਵਿਖੇ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਕਰਵਾਇਆ ਗਿਆ ਧਾਰਮਿਕ ਸਮਾਗਮ

### ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਤੋਂ ਸੇਧ ਲੈਣ ਦੀ ਜਰੂਰਤ: ਭਾਈ ਚਾਵਲਾ

ਆਗਾਜ ਜਾਗਰਣ/ਦਵਿੰਦਰਪਾਲ ਸਿਘ

ਸ੍ਰੀ ਅਨੰਦਪੁਰ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸ਼੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਨੌਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਗੁਰਮਤ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਵਿਸ਼ੇਸ਼ ਤੌਰ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਨਾਮਵਰ ਪੰਥਕ ਕਵੀ ਹਰੀ ਸਿੰਘ ਜਾਚਕ ਸਮੇਤ ਕਾਲਜ ਦੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਨੇ ਹਾਜ਼ਰੀ ਭਰੀ। ਸਭ ਤੋਂ ਪਹਿਲਾਂ 2 ਦਸੰਬਰ ਤੋਂ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੂਰੀ ਦੁਨੀਆਂ ਦੇ ਇਤਿਹਾਸ ਵਿੱਚ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਵਰਗੀ ਕੋਈ ਹੋਰ ਉਦਾਹਰਨ ਨਹੀਂ ਮਿਲਦੀ। ਉਹਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ। ਇਸ ਮੌਕੇ ਪੰਥਕ ਕਵੀ ਹਰੀ ਸਿੰਘ ਜਾਚਕ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਨਾਲ ਸੰਬੰਧਿਤ ਕਵਿਤਾਵਾਂ ਸੁਣਾ ਕੇ ਸੰਗਤ ਨੂੰ ਨਿਹਾਲ ਕੀਤਾ। ਇਸਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਸਮਾਗਮ 'ਚ ਆਏ ਮਹਿਮਾਨਾਂ ਦਾ ਸਵਾਗਤ ਕੀਤਾ । ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਦੇ ਨਾਂ ਤੇ ਚੱਲ ਰਹੀ ਇਸ ਮਹਾਨ ਸੰਸਥਾ ਦੇ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਹਰ ਸਾਲ ਉਪਰਾਲਾ ਕਰਕੇ ਇਹ ਸਮਾਗਮ ਕੀਤਾ ਜਾਂਦਾ ਹੈ ਤੇ ਇਸ ਸਮਾਗਮ ਵਿੱਚ ਕਾਲਜ ਦਾ ਸਾਰਾ ਸਟਾਫ ਤੇ ਵਿਦਿਆਰਥੀ ਆਪ ਪਾਠ ਕਰਦੇ ਹਨ ਤੇ ਸਮੁੱਚੀ ਸੇਵਾ ਨਿਭਾਉਂਦੇ ਹਨ।





ਇਸ ਪ੍ਰੋਗਰਾਮ ਦੇ ਕਨਵੀਨਰ ਤੇ ਕਾਲਜ ਦੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਪਰਮਜੀਤ ਕੌਰ ਨੇ ਵੀ ਇਸ ਮੌਕੇ ਗੁਰੂ ਸਾਹਿਬ ਨਾਲ ਜੁੜੇ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਕਾਲਜ ਦੇ ਗੁਰਮਤ ਸੰਗੀਤ ਵਿਭਾਗ ਦੇ ਮੁਖੀ ਪ੍ਰੋ. ਜੇ.ਪੀ ਸਿੰਘ ਤੇ ਉਨ੍ਹਾਂ ਦੇ ਵਿਦਿਆਰਥੀਆਂ ਨੇ ਇਲਾਹੀ ਬਾਣੀ ਦਾ ਕੀਰਤਨ ਕੀਤਾ। ਇਸ ਤੋਂ ਪਹਿਲਾਂ ਕਾਲਜ ਦੇ ਵਿਦਿਆਰਥੀਆਂ ਦੇ ਕਵਿਤਾ ਉਚਾਰਨ ਅਤੇ ਦਸਤਾਰਬੰਦੀ ਮੁਕਾਬਲੇ ਵੀ ਕਰਵਾਏ ਗਏ। ਪ੍ਰੋਗਰਾਮ ਦੇ ਅੰਤ ਵਿੱਚ ਵੱਖ - ਵੱਖ ਧਾਰਮਿਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਮੈਨੇਜਰ ਸੰਦੀਪ ਸਿੰਘ ਕਲੋਤਾ, ਜਥੇਦਾਰ ਸੁਰਿੰਦਰ ਸਿੰਘ ਮਟੌਰ, ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਮਨਜੀਤ ਸਿੰਘ, ਡਾ. ਰਵਿੰਦਰ ਸਿੰਘ ਰੇਖੀ ਤੇ ਕਾਲਜ ਦਾ ਸਮੁੱਚਾ ਸਟਾਫ ਤੇ ਵਿਦਿਆਰਥੀ ਮੌਜੂਦ ਸਨ।